ਜਾ ਕੇ ਨਿਗਮ ਦੂਧ ਕੇ ਠਾਟਾ ॥ ਸਮੁੰਦੁ ਬਿਲੋਵਨ ਕਉ ਮਾਟਾ ॥ ਤਾ ਕੀ ਹੋਹੁ ਬਿਲੋਵਨਹਾਰੀ ॥ ਕਿਉ ਮੇਟੈ ਗੋ ਛਾਛਿ ਤੁਹਾਰੀ ॥੧॥ ਚੇਰੀ ਤੂ ਰਾਮੁ ਨ ਕਰਸਿ ਭਤਾਰਾ ॥ ਜਗਜੀਵਨ ਪ੍ਰਾਨ ਅਧਾਰਾ ॥ ੧॥ ਰਹਾਉ ॥ ਤੇਰੇ ਗਲਹਿ ਤਉਕੁ ਪਗ ਬੇਰੀ ॥ ਤੂ ਘਰ ਘਰ ਰਮਈਐ ਫੇਰੀ ॥ ਤੂ ਅਜਹੁ ਨ ਚੇਤਸਿ ਚੇਰੀ ॥ ਤੂ ਜਮਿ ਬਪੁਰੀ ਹੈ ਹੇਰੀ ॥੨॥ ਪ੍ਰਭ ਕਰਨ ਕਰਾਵਨਹਾਰੀ ॥ ਕਿਆ ਚੇਰੀ ਹਾਥ ਬਿਚਾਰੀ ॥ ਸੋਈ ਸੋਈ ਜਾਗੀ ॥ ਜਿਤੁ ਲਾਈ ਤਿਤੁ ਲਾਗੀ ॥੩॥ ਚੇਰੀ ਤੈ ਸੁਮਤਿ ਕਹਾਂ ਤੇ ਪਾਈ ॥ ਜਾ ਤੇ ਭ੍ਰਮ ਕੀ ਲੀਕ ਮਿਟਾਈ ॥ ਸੁ ਰਸੁ ਕਬੀਰੈ ਜਾਨਿਆ ॥ ਮੇਰੋ ਗੁਰ ਪ੍ਰਸਾਦਿ ਮਨੁ ਮਾਨਿਆ ॥੪॥੫॥ {ਪੰਨਾ 655}

ਪਦਅਰਥ:- ਨਿਗਮ—ਵੇਦ ਆਦਿਕ ਧਰਮ-ਪੁਸਤਕ। ਠਾਟਾ—ਠਣ, {Skt. Ôqn}। ਦੂਧ ਕੇ ਠਾਟਾ—ਦੁੱਧ ਦੇ ਥਣ, ਦੁੱਧ ਦਾ ਸੋਮਾ, ਅੰਮ੍ਰਿਤ ਦਾ ਸੋਮਾ। ਸਮੁੰਦੁ—(ਭਾਵ,) ਸਤਸੰਗ। ਬਿਲੋਵਨ ਕਉ—ਰਿੜਕਣ ਲਈ। ਮਾਟਾ—ਚਾਟੀ (ਨੋਟ:- ਜਿਵੇਂ ਚਾਟੀ ਵਿਚ ਦੁੱਧ ਰਿੜਕਦੀ ਹੈ, ਤਿਵੇਂ ਸਤਸੰਗ ਵਿਚ ਧਰਮ-ਪੁਸਤਕ ਵਿਚਾਰੀਦੇ ਹਨ)। ਹੋਹੁ—ਬਣ। ਤਾ ਕੀ—(ਜਾ ਕੇ..........ਜਿਸ ਪ੍ਰਭੂ ਦੇ.........) ਉਸ ਪ੍ਰਭੂ ਦੀ। ਛਾਛਿ—ਲੱਸੀ, (ਭਾਵ, ਸਾਧਾਰਨ ਅਨੰਦ ਜੋ ਬਾਣੀ ਦੀ ਵਿਚਾਰ ਤੋਂ ਮਿਲ ਸਕਦਾ ਹੈ)।1।

ਚੇਰੀ—ਹੇ ਦਾਸੀ! ਹੇ ਜੀਵ-ਇਸਤ੍ਰੀ! ਹੇ ਜਿੰਦੇ! ਨ ਕਰਸਿ—ਤੂੰ (ਕਿਉਂ) ਨਹੀਂ ਕਰਦੀ? ਅਧਾਰਾ—ਆਸਰਾ।1। ਰਹਾਉ।

ਅਜਹੁ—ਅਜੇ ਤਕ। ਗਲਹਿ—ਗਲ ਵਿਚ। ਤਉਕੁ—ਲੋਹੇ ਦਾ ਕੜਾ ਜੋ ਗ਼ੁਲਾਮਾਂ ਦੇ ਗਲ ਵਿਚ ਪਾਇਆ ਜਾਂਦਾ ਸੀ, ਮੋਹ ਦਾ ਪਟਾ। ਪਗ—ਪੈਰਾਂ ਵਿਚ। ਬੇਰੀ—ਆਸਾਂ ਦੀ ਬੇੜੀ। ਤੂ ਬਪੁਰੀ—ਤੈਨੂੰ ਨਿਮਾਣੀ ਨੂੰ। ਜਮਿ—ਜਮ ਨੇ। ਹੇਰੀ—ਤੱਕ ਵਿਚ ਰੱਖਿਆ ਹੋਇਆ ਹੈ।2।

ਸੋਈ ਸੋਈ—ਕਈ ਜਨਮਾਂ ਦੀ ਸੁੱਤੀ ਹੋਈ। ਜਿਤੁ—ਜਿੱਧਰ।3।

ਸੁਮਤਿ—ਚੰਗੀ ਮੱਤ। ਜਾ ਤੇ—ਜਿਸ ਦੀ ਬਰਕਤਿ ਨਾਲ। ਭ੍ਰਮ ਕੀ ਲੀਕ—ਭਰਮ ਭਟਕਣਾਂ ਦੀ ਲਕੀਰ, ਉਹ ਸੰਸਕਾਰ ਜੋ ਭਟਕਣਾਂ ਵਿਚ ਪਾਈ ਰੱਖਦੇ ਸਨ। ਰਸੁ—ਆਤਮਕ ਅਨੰਦ।4।

ਅਰਥ:- ਹੇ ਜਿੰਦੇ! ਤੂੰ ਉਸ ਪਰਮਾਤਮਾ ਨੂੰ ਕਿਉਂ ਆਪਣਾ ਖਸਮ ਨਹੀਂ ਬਣਾਉਂਦੀ ਜੋ ਜਗਤ ਦਾ ਜੀਵਨ ਹੈ ਤੇ ਸਭ ਦੇ ਪ੍ਰਾਣਾਂ ਦਾ ਆਸਰਾ ਹੈ?।1। ਰਹਾਉ।

(ਹੇ ਜਿੰਦੇ!) ਤੂੰ ਉਸ ਪ੍ਰਭੂ ਦੇ ਨਾਮ ਦੀ ਰਿੜਕਣ ਵਾਲੀ ਬਣ (ਭਾਵ, ਤੂੰ ਉਸ ਪ੍ਰਭੂ ਦੇ ਨਾਮ ਵਿਚ ਚਿੱਤ ਜੋੜ), ਵੇਦ ਆਦਿਕ ਧਰਮ-ਪੁਸਤਕ ਜਿਸ ਦੇ (ਨਾਮ-ਅੰਮ੍ਰਿਤ) ਦੁੱਧ ਦੇ ਸੋਮੇ ਹਨ ਤੇ ਸਤਸੰਗ ਉਸ ਦੁੱਧ ਦੇ ਰਿੜਕਣ ਲਈ ਚਾਟੀ ਹੈ। (ਹੇ ਜਿੰਦੇ! ਜੇ ਤੈਨੂੰ ਹਰਿ-ਮਿਲਾਪ ਨਸੀਬ ਨਾਹ ਹੋਇਆ, ਤਾਂ ਭੀ) ਉਹ ਪ੍ਰਭੂ (ਸਤਸੰਗ ਵਿਚ ਬੈਠ ਕੇ ਧਰਮ-ਪੁਸਤਕਾਂ ਦੇ ਵਿਚਾਰਨ ਦਾ) ਤੇਰਾ ਸਾਧਾਰਨ ਅਨੰਦ ਨਹੀਂ ਮਿਟਾਇਗਾ।1।

ਹੇ ਜਿੰਦੇ! ਤੇਰੇ ਗਲ ਵਿਚ ਮੋਹ ਦਾ ਪਟਾ ਤੇ ਤੇਰੇ ਪੈਰਾਂ ਵਿਚ ਆਸਾਂ ਦੀਆਂ ਬੇੜੀਆਂ ਹੋਣ ਕਰਕੇ ਤੈਨੂੰ ਪਰਮਾਤਮਾ ਨੇ ਘਰ ਘਰ (ਕਈ ਜੂਨਾਂ ਵਿਚ) ਫਿਰਾਇਆ ਹੈ, (ਹੁਣ ਭਾਗਾਂ ਨਾਲ ਕਿਤੇ ਮਨੁੱਖਾ-ਜਨਮ ਮਿਲਿਆ ਸੀ) ਹੁਣ ਭੀ ਤੂੰ ਉਸ ਪ੍ਰਭੂ ਨੂੰ ਯਾਦ ਨਹੀਂ ਕਰਦੀ, ਹੇ ਭਾਗ-ਹੀਣ! ਤੈਨੂੰ ਜਮ ਨੇ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ (ਭਾਵ, ਮੌਤ ਆਇਆਂ ਫਿਰ ਪਤਾ ਨਹੀਂ ਕਿਸ ਲੰਮੇ ਗੇੜ ਵਿਚ ਪੈ ਜਾਇੰਗੀ)।2।

ਪਰ ਇਸ ਵਿਚਾਰੀ ਜਿੰਦ ਦੇ ਭੀ ਕੀਹ ਵੱਸ? ਸਭ ਕੁਝ ਕਰਨ ਕਰਾਉਣ ਵਾਲਾ ਪ੍ਰਭੂ ਆਪ ਹੀ ਹੈ। ਇਹ ਕਈ ਜਨਮਾਂ ਦੀ ਸੁੱਤੀ ਹੋਈ ਜਿੰਦ (ਤਦੋਂ ਹੀ) ਜਾਗਦੀ ਹੈ (ਜਦੋਂ ਉਹ ਆਪ ਜਗਾਉਂਦਾ ਹੈ, ਕਿਉਂਕਿ) ਜਿੱਧਰ ਉਹ ਇਸ

ਨੂੰ ਲਾਉਂਦਾ ਹੈ ਉਧਰ ਹੀ ਇਹ ਲੱਗਦੀ ਹੈ।3।

(ਉਸ ਦੀ ਮਿਹਰ ਨਾਲ ਜਾਗੀ ਹੋਈ ਜਿੰਦ ਨੂੰ ਜੱਗਿਆਸੂ ਜਿੰਦ ਪੁੱਛਦੀ ਹੈ) ਹੇ (ਭਾਗਾਂ ਵਾਲੀਏ) ਜਿੰਦੇ! ਤੈਨੂੰ ਕਿੱਥੋਂ ਇਹ ਸੁਮੱਤ ਮਿਲੀ ਹੈ, ਜਿਸ ਦੀ ਬਰਕਤਿ ਨਾਲ ਤੇਰੇ ਉਹ ਸੰਸਕਾਰ ਮਿਟ ਗਏ ਹਨ, ਜੋ ਤੈਨੂੰ ਭਟਕਣਾ ਵਿਚ ਪਾਈ ਰੱਖਦੇ ਸਨ; (ਅੱਗੋਂ ਜਾਗੀ ਹੋਈ ਜਿੰਦ ਉੱਤਰ ਦੇਂਦੀ ਹੈ) ਹੇ ਕਬੀਰ! ਸਤਿਗੁਰੂ ਦੀ ਕਿਰਪਾ ਨਾਲ ਮੇਰੀ ਉਸ ਆਤਮਕ ਆਨੰਦ ਨਾਲ ਜਾਣ-ਪਛਾਣ ਹੋ ਗਈ ਹੈ, ਤੇ ਮੇਰਾ ਮਨ ਉਸ ਵਿਚ ਪਰਚ ਗਿਆ ਹੈ।4।5।

ਸ਼ਬਦ ਦਾ ਭਾਵ:- ਸਿਮਰਨ ਤੋਂ ਬਿਨਾ ਜੀਵ ਮਾਇਆ ਦੇ ਮੋਹ ਦੇ ਬੰਧਨਾਂ ਵਿਚ ਜਕੜਿਆ ਰਹਿੰਦਾ ਹੈ। ਜਿਸ ਉੱਤੇ ਪ੍ਰਭੂ ਦੀ ਮਿਹਰ ਹੋਵੇ, ਉਹ ਗੁਰੂ ਦੀ ਸ਼ਰਨ ਪੈ ਕੇ ਨਾਮ-ਰਸ ਮਾਣਦਾ ਹੈ ਤੇ ਜਨਮ-ਮਰਨ ਦੇ ਗੇੜ ਤੋਂ ਬਚ ਜਾਂਦਾ ਹੈ।